**ਦਫਤਰਃ ਡਾਇਰੈਕਟਰ ਸਿਖਿਆ ਵਿਭਾਗ(ਸੈਃਸਿਃ) ਪੰਜਾਬ, ਐਸ.ਏ.ਐਸ.ਨਗਰ।**

(ਸੈਕੰਡਰੀ ਸਿਖਿਆ ਸ਼ਾਖਾ)

ਵੱਲ

ਸਮੂਹ ਜਿਲ੍ਹਾ ਸਿਖਿਆ ਅਫਸਰ(ਸੈਸਿ),ਪੰਜਾਬ।
ਸਮੂਹ ਜਿਲ੍ਹਾ ਸਿਖਿਆ ਅਫਸਰ(ਐਸਿ),ਪੰਜਾਬ।
ਸਮੂਹ ਸਕੂਲ ਮੁੱਖੀ, ਪੰਜਾਬ। (ਵੈਬਸਾਈਟ ਰਾਹੀਂ)

ਮੀਮੋ ਨੰਬਰ DPISE-SEDU0GENL/7/2021-2021324853
ਮਿਤੀਃ ਸ.ਅ.ਸ.ਨਗਰ, 21-09-21

ਵਿਸ਼ਾਃ **ਸਕੂਲਾਂ ਵਿੱਚ 'Single Parent' ਵਿਦਿਆਰਥੀਆਂ ਦੇ ਦਾਖਲੇ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਸਕੂਲਾਂ ਵਿੱਚ ਆਪਣੇ ਬੱਚਿਆਂ ਦਾ ਦਾਖਲਾ ਕਰਵਾਉਣ ਦੇ ਇੱਛੁਕ ਕੁਝ ਮਾਪੇ ਜੋ ਇਕੱਲੇ (Single Parent) ਹਨ, ਵੱਲੋਂ ਵਿਭਾਗ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਦਾਖਲਾ ਫਾਰਮ ਵਿੱਚ ਮਾਤਾ ਅਤੇ ਪਿਤਾ ਦੋਹਾਂ ਦਾ ਨਾਮ ਭਰਨਾ ਜ਼ਰੂਰੀ ਹੋਣ ਕਰਕੇ ਉਨ੍ਹਾਂ ਦੇ ਬੱਚਿਆਂ ਨੂੰ ਸਕੂਲਾਂ ਵਿੱਚ ਦਾਖਲੇ ਸਮੇਂ ਦਿੱਕਤ ਪੇਸ਼ ਆਉਂਦੀ ਹੈ।

3.0 ਉਕਤ ਦੇ ਸਨਮੁੱਖ ਲਿਖਿਆ ਜਾਂਦਾ ਹੈ ਕਿ ਪੰਜਾਬ ਰਾਜ ਦੇ ਸਮੂਹ ਸਰਕਾਰੀ/ਸਰਕਾਰੀ ਸਹਾਇਤਾ ਪ੍ਰਾਪਤ/ਏਡਿਡ/ਅਨਏਡਿਡ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਮੇਂ ਜੇਕਰ ਮਾਤਾ ਜਾਂ ਪਿਤਾ ਵੱਲੋਂ ਕਿਸੇ ਵੀ ਕਾਰਣ ਕਰਕੇ ਸਿਰਫ ਇੱਕ ਦਾ ਨਾਂ (ਮਾਤਾ ਜਾਂ ਪਿਤਾ) ਦਾਖਲਾ ਫਾਰਮ ਵਿੱਚ ਦਰਜ ਕੀਤਾ ਜਾਂਦਾ ਹੈ ਤਾਂ ਅਜਿਹੇ ਵਿਦਿਆਰਥੀਆਂ ਨੂੰ ਦਾਖਲਾ ਦੇਣ ਤੋਂ ਮਨ੍ਹਾਂ ਨਾ ਕੀਤਾ ਜਾਵੇ।

4.0 ਇਹਨਾਂ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਡਾਇਰੈਕਟਰ ਸਿਖਿਆ ਵਿਭਾਗ(ਸੈਃਸਿਃ)
ਪੰਜਾਬ।